

ਬਠਿੰਡਾ/ ਮਾਨਸਾ
ਅਜੀਤ ਬਠਿੰਡਾ
ਅਜੀਤ
ਸ਼ੁੱਕਰਵਾਰ, 28 ਨਵੰਬਰ 2025





# ਸਰਕਾਰੀ ਸਕੂਲ ਗੋਬਿੰਦਪੁਰਾ ਵਿਖੇ ਸੰਵਿਧਾਨ ਦਿਵਸ ਨੂੰ ਸਮਰਪਿਤ ਪ੍ਰੋਗਰਾਮ

ਨਥਾਣਾ, 27 ਨਵੰਬਰ (ਗੁਰਦਰਸ਼ਨ ਲੁੱਧੜ)- ਪੀ.ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਵਿਖੇ ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਦੀ ਅਗਵਾਈ ਵਿਚ ਸੰਵਿਧਾਨ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿਚ ਵੱਖ-ਵੱਖ ਸਹਿ-ਵਿੱਦਿਅਕ ਕਿਰਿਆਵਾਂ ਦੇ ਅੰਤਰ ਹਾਊਸ ਮੁਕਾਬਲੇ ਕਰਵਾਏ ਗਏ। ਹਾਊਸ ਕਪਤਾਨ ਵਿਦਿਆਰਥਣ ਦਿਲਪ੍ਰੀਤ ਕੌਰ ਦੁਆਰਾ ਸੰਵਿਧਾਨ ਦੀ ਪ੍ਰਸਤਾਵਨਾ ਪੜ੍ਹੀ ਗਈ। ਰਾਜਨੀਤੀ ਸ਼ਾਸਤਰ ਲੈਕਚਰਾਰ ਚਮਕੌਰ ਸਿੰਘ ਨੇ ਭਾਰਤੀ ਸੰਵਿਧਾਨ ਦੀ ਰਚਨਾ, ਮੁੱਖ ਵਿਸ਼ੇਸ਼ਤਾਵਾਂ ਅਤੇ ਇਸ ਦੇ ਦੇਸ਼ ਵਿਚ ਲਾਗੂ ਹੋਣ ਬਾਰੇ ਜਾਣਕਾਰੀ ਦਿੱਤੀ। ਇਸ ਸਮੇਂ ਵਿਦਿਆਰਥੀਆਂ ਨੇ 'ਸੰਵਿਧਾਨ ਦੀ ਬਣਤਰ ਅਤੇ ਵਿਸ਼ੇਸ਼ਤਾਵਾਂ' ਵਿਸ਼ੇ 'ਤੇ ਭਾਸ਼ਣ, ਲੇਖ ਰਚਨਾ, ਅਤੇ ਪੋਸਟਰ ਮੇਕਿੰਗ ਕਿਰਿਆਵਾਂ ਦੇ ਅੰਤਰ ਹਾਊਸ ਮੁਕਾਬਲੇ 'ਚ ਆਪਣੀ ਕਲਾ-ਪ੍ਰਤਿਭਾ ਦਾ ਪ੍ਰਗਟਾਵਾ ਕੀਤਾ। ਭਾਸ਼ਣ ਮੁਕਾਬਲੇ 'ਚ ਪਹਿਲੀ ਪੁਜ਼ੀਸ਼ਨ ਅੰਜਲੀ ਸਿੰਗਲਾ ਸ਼੍ਰੇਣੀ ਬਾਰ੍ਹਵੀਂ ਸ਼ਹੀਦ ਊਧਮ ਸਿੰਘ ਹਾਊਸ, ਦੂਜੀ ਪੁਜ਼ੀਸ਼ਨ ਕੋਮਲਪ੍ਰੀਤ ਕੌਰ ਸ਼੍ਰੇਣੀ ਬਾਰ੍ਹਵੀਂ ਲਾਲਾ ਲਾਜਪਤ ਰਾਏ ਹਾਊਸ ਅਤੇ ਤੀਸਰੀ ਪੁਜ਼ੀਸ਼ਨ ਦਿਲਪ੍ਰੀਤ ਕੌਰ ਸ਼੍ਰੇਣੀ ਬਾਰ੍ਹਵੀਂ ਲਾਲਾ ਲਾਜਪਤ ਰਾਏ ਹਾਊਸ ਨੇ ਪ੍ਰਾਪਤ ਕੀਤੀ। ਇਸੇ ਤਰ੍ਹਾਂ ਲੇਖ ਮੁਕਾਬਲੇ 'ਚੋਂ ਗੁਰਵੀਰ ਕੌਰ ਸ਼੍ਰੇਣੀ ਨੌਵੀਂ ਸ਼ਹੀਦ ਕਰਤਾਰ ਸਿੰਘ ਸਰਾਭਾ ਹਾਊਸ ਪਹਿਲੇ, ਸੁਖਮਨਦੀਪ ਕੌਰ ਸ਼੍ਰੇਣੀ ਗਿਆਰ੍ਹਵੀਂ ਲਾਲਾ ਲਾਜਪਤ ਰਾਏ ਹਾਊਸ ਦੂਸਰੇ ਅਤੇ ਇਸੇ ਹਾਊਸ ਦੀ ਕੋਮਲਪ੍ਰੀਤ ਕੌਰ ਸ਼੍ਰੇਣੀ ਬਾਰ੍ਹਵੀਂ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਜਦੋਂ ਕਿ ਪੋਸਟਰ ਮੇਕਿੰਗ ਮੁਕਾਬਲੇ ਵਿਚੋਂ ਪਹਿਲੀ ਪੁਜ਼ੀਸ਼ਨ ਅਰਸ਼ਦੀਪ ਕੌਰ ਸ਼੍ਰੇਣੀ ਦਸਵੀਂ ਸ਼ਹੀਦ ਕਰਤਾਰ ਸਿੰਘ ਸਰਾਭਾ ਹਾਊਸ, ਦੂਜੀ ਪੁਜ਼ੀਸ਼ਨ ਗੁਰਪਿੰਦਰ ਸਿੰਘ ਸ਼੍ਰੇਣੀ ਛੇਵੀਂ ਸ਼ਹੀਦ ਕਰਤਾਰ ਸਿੰਘ ਸਰਾਭਾ ਹਾਊਸ ਅਤੇ ਤੀਸਰੀ ਪੁਜ਼ੀਸ਼ਨ ਜੈਸਮੀਨ ਸ਼੍ਰੇਣੀ ਗਿਆਰ੍ਹਵੀਂ ਸ਼ਹੀਦ ਕਰਤਾਰ ਸਿੰਘ ਸਰਾਭਾ ਹਾਊਸ ਨੇ ਪ੍ਰਾਪਤ ਕੀਤੀ। ਅਧਿਆਪਕਾਵਾਂ ਰਮਨਦੀਪ ਕੌਰ, ਗੁਰਜੋਤ ਕੌਰ ਅਤੇ ਗੁਰਮੀਤ ਕੌਰ ਨੇ ਜੱਜ ਦੀ ਭੂਮਿਕਾ ਬਾਖ਼ੂਬੀ ਨਾਲ ਨਿਭਾਈ।



ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਵਿਖੇ ਸੰਵਿਧਾਨ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਵਿੱਦਿਅਕ ਬੁਲਾਰੇ। *ਤਸਵੀਰ: ਗੁਰਦਰਸ਼ਨ ਲੁੱਧੜ*



ਮਾਨਸਾ ਵਿਖੇ ਸੰਵਿਧਾਨ ਬਚਾਓ ਸਮਾਗਮ ਮੌਕੇ ਕਾਂਗਰਸ ਆਗੂ ਤੇ ਵਰਕਰ। *ਅਜੀਤ ਤਸਵੀਰ*

# ਸੰਵਿਧਾਨ ਦੀ ਰੱਖਿਆ ਲਈ ਪੰਜਾਬ ਦੇ ਲੋਕ ਮੋਹਰੀ ਰੋਲ ਨਿਭਾਉਣਗੇ-ਗਾਗੋਵਾਲ

## ਸੰਵਿਧਾਨ ਬਚਾਓ ਸਮਾਗਮ ਕਰਵਾਇਆ

ਮਾਨਸਾ, 27 ਨਵੰਬਰ (ਗੁਰਚੇਤ ਸਿੰਘ ਫੱਤੇਵਾਲੀਆ)- ਕਾਂਗਰਸ ਪਾਰਟੀ ਵਲੋਂ ਇੱਥੇ ਸੰਵਿਧਾਨ ਬਚਾਓ ਸਮਾਗਮ ਕਰਵਾਇਆ ਗਿਆ। ਜ਼ਿਲ੍ਹਾ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ ਨੇ ਦੇਸ਼ ਅੰਦਰ ਹੋਈਆਂ ਤਾਜ਼ਾ ਚੋਣ ਗੜਬੜੀਆਂ ਅਤੇ ਵੱਖ-ਵੱਖ ਸੰਸਥਾਵਾਂ ਵਿਚ ਲੋਕਤੰਤਰੀ ਪਰੰਪਰਾਵਾਂ ਨੂੰ ਨਸ਼ਟ ਕਰ ਕੇ ਭਾਜਪਾ ਵਲੋਂ ਆਪਣੇ ਚਹੇਤਿਆਂ ਨੂੰ ਕਾਬਜ਼ ਕਰਵਾਉਣ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਰਾਹੁਲ ਗਾਂਧੀ ਅਤੇ ਮਲਿਕ ਅਰਜੁਨ ਖੜਗੇ ਦੀ ਅਗਵਾਈ ਹੇਠ ਸੰਵਿਧਾਨ ਦੀ ਰੱਖਿਆ ਲਈ ਹਰ ਲੜਾਈ ਵਿਚ ਪੰਜਾਬ ਦੇ ਲੋਕ ਅਤੇ ਕਾਂਗਰਸ ਦੇ ਵਰਕਰ ਵੱਧ ਤੋਂ ਵੱਧ ਹਿੱਸਾ ਪਾਉਣਗੇ। ਇਸ ਮੌਕੇ ਗੁਰਪ੍ਰੀਤ ਸਿੰਘ ਵਿੱਕੀ, ਸੱਤਪਾਲ ਸਿੰਘ ਮੂਲੇਵਾਲਾ, ਕੁਲਵੰਤ ਰਾਏ ਸਿੰਗਲਾ, ਗੁਰਪਿਆਰ ਸਿੰਘ ਪਿਆਰੀ, ਹਰਵਿੰਦਰ ਕੌਰ, ਰਿੰਪੀ ਬਰਾੜ, ਹਰਵਿੰਦਰ ਭਾਰਦਵਾਜ, ਸੁਖਦਰਸ਼ਨ ਸਿੰਘ ਖਾਰਾ, ਬਲਦੇਵ ਸਿੰਘ ਰੜ, ਨੇਮ ਕੁਮਾਰ ਚੌਧਰੀ, ਹਰਵਿੰਦਰ ਸਿੰਘ ਸਵੀਟੀ, ਪ੍ਰਗਟ ਸਿੰਘ ਖੀਵਾ, ਅੰਮ੍ਰਿਤ ਪਾਲ ਸਿੰਘ ਕੂਕਾ, ਗੁਰਦੀਪ ਸਿੰਘ ਮਾਨ, ਅੰਮ੍ਰਿਤ ਪਾਲ ਗੋਗਾ, ਗੁਰਜੀਤ ਸਿੰਘ ਠੂਠਿਆਂਵਾਲੀ, ਗੁਰਤੇਜ ਸਿੰਘ ਆਦਿ ਹਾਜ਼ਰ ਸਨ।

# ਮਾਤਾ ਸੁੰਦਰੀ ਸਕੂਲ ਕੋਟ ਸ਼ਮੀਰ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350 ਸ਼ਹੀਦੀ ਦਿਹਾੜਾ ਮਨਾਇਆ

ਕੋਟਫੱਤਾ, 27 ਨਵੰਬਰ (ਰਣਜੀਤ ਸਿੰਘ ਬੁੱਟਰ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਪ੍ਰਬੰਧ ਅਧੀਨ ਸਫਲਤਾ ਪੂਰਵ ਚੱਲ ਰਹੇ ਮਾਤਾ ਸੁੰਦਰੀ ਪਬਲਿਕ ਸਕੂਲ ਕੋਟਸ਼ਮੀਰ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤ ਸਮਾਗਮ ਕਰਵਾਇਆ ਗਿਆ। ਢਾਡੀ ਜੱਥਾ ਭਾਈ ਦਵਿੰਦਰ ਸਿੰਘ ਭੌਰਾ ਪਹੁੰਚੇ, ਉਨ੍ਹਾਂ ਨੇ ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਅਤੇ ਸ਼ਹੀਦੀ ਬਾਰੇ ਵਿਦਿਆਰਥੀ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਸਮੁੱਚੀ ਪ੍ਰਬੰਧਕੀ ਜ਼ਿੰਮੇਵਾਰੀ ਗਿਆਨੀ ਦਿੱਤ ਸਿੰਘ ਹਾਊਸ ਇੰਚਾਰਜ ਦੁਆਰਾ ਨਿਭਾਈ ਗਈ। ਗੁਰਮਤਿ ਸਮਾਗਮ ਦੀ ਸ਼ੁਰੂਆਤ ਸੰਗੀਤ ਅਧਿਆਪਕ ਨਰਦੀਪ ਸਿੰਘ ਦੁਆਰਾ ਤਿਆਰ ਕਰਵਾਏ ਸ਼ਬਦ ਕੀਰਤਨ ਰਾਹੀਂ ਕੀਤੀ ਗਈ। ਨੌਵੀਂ ਏ ਜਮਾਤ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਦੁਆਰਾ ਗੁਰੂ ਸਾਹਿਬ ਦੇ ਜੀਵਨ ਸਬੰਧੀ ਸਪੀਚ ਦਿੱਤੀ ਗਈ। ਸਕੂਲ ਪ੍ਰਿੰਸੀਪਲ ਡਾ. ਮਨੋਰਮਾ ਸਮਾਗ ਨੇ ਆਏ ਹੋਏ ਢਾਡੀ ਜਥੇ ਦਾ ਬਹੁਤ ਧੰਨਵਾਦ ਕੀਤਾ ਅਤੇ ਉਨਾਂ ਨੂੰ ਸਕੂਲ ਮੈਗਜ਼ੀਨ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬ ਦੇ ਜੀਵਨ ਸਬੰਧੀ ਵਿਚਾਰ ਪ੍ਰਗਟ ਕੀਤੇ ਅਤੇ ਵਿਦਿਆਰਥੀਆਂ ਨੂੰ ਸੱਚ ਦੇ ਰਾਹ ਤੇ ਚੱਲਣ ਦਾ ਸੰਦੇਸ਼ ਦਿੱਤਾ।



ਮਾਤਾ ਸੁੰਦਰੀ ਪਬਲਿਕ ਕੋਟਸ਼ਮੀਰ ਵਿਖੇ ਪਹੁੰਚੇ ਢਾਡੀ ਜਥੇ ਨੂੰ ਸਕੂਲ ਮੈਗਜ਼ੀਨ ਭੇਟ ਕਰਦੇ ਹੋਏ ਪ੍ਰਿੰਸੀਪਲ ਡਾਕਟਰ ਮਨੋਰਮਾ ਸਮਾਗ। *ਤਸਵੀਰ: ਰਣਜੀਤ ਸਿੰਘ ਬੁੱਟਰ*

# ਸ੍ਰੀ ਗੁਰੂ ਤੇਗ ਬਹਾਦਰ ਗਰੁੱਪ ਆਫ਼ ਇੰਸਟੀਚਿਊਟਸ ਬੱਲ੍ਹੋ ਵਿਖੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਇਆ

ਚਾਉਕੇ, 27 ਨਵੰਬਰ (ਮਨਜੀਤ ਸਿੰਘ ਘੜੈਲੀ)- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਗਰੁੱਪ ਆਫ਼ ਇੰਸਟੀਚਿਊਟਸ ਬੱਲ੍ਹੋ ਵਿਖੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਯੁਵਰਾਜ ਗਰਗ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਦੌਰਾਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ, ਕੁਰਬਾਨੀ ਦਾ ਵਿਸ਼ੇਸ਼ ਤੌਰ ਤੇ ਜ਼ਿਕਰ ਕੀਤਾ ਗਿਆ। ਪ੍ਰਿੰਸੀਪਲ ਡਾ. ਬਲਜੀਤ ਕੌਰ ਸਿੱਧੂ ਨੇ ਸਿੱਖਾਂ ਦੇ ਨੌਵੇਂ ਗੁਰੂ ਜੀ ਦੇ ਜੀਵਨ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰੂ ਜੀ ਨੇ ਮਨੁੱਖੀ ਅਧਿਕਾਰਾਂ ਅਤੇ ਧਰਮ ਦੀ ਰਾਖੀ ਲਈ ਆਪਣੇ ਜੀਵਨ ਦੀ ਕੁਰਬਾਨੀ ਦਿੱਤੀ। ਉਨ੍ਹਾਂ ਦੱਸਿਆ ਕਿ ਗੁਰੂ ਜੀ ਦੀ ਕੁਰਬਾਨੀ ਨੂੰ ਸਿਜਦਾ ਕਰਨ ਲਈ ਸਮੁੱਚੇ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਦੁਆਰਾ ਰਲ ਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ। ਸੰਸਥਾ ਦੇ ਪਬਲਿਕ ਰਿਲੇਸ਼ਨ ਅਫ਼ਸਰ ਜਸਪਾਲ ਸਿੰਘ ਸਿੱਧੂ ਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਜੀ ਨਾਲ ਜੁੜੀਆਂ ਘਟਨਾਵਾਂ ਅਤੇ ਇਤਿਹਾਸ ਨਾਲ ਸਬੰਧਿਤ ਜਾਣਕਾਰੀ ਨੂੰ ਵਿਸਥਾਰ ਸਹਿਤ ਵਿਦਿਆਰਥੀਆਂ ਨਾਲ ਸਾਂਝਾ ਕੀਤਾ ਗਿਆ। ਇਸ ਸਮਾਗਮ ਦੀ ਖ਼ਾਸ ਗੱਲ ਇਹ ਰਹੀ ਕਿ ਵਿਦਿਆਰਥੀਆਂ ਅਤੇ ਸਮੁੱਚੇ ਸਟਾਫ਼ ਦੁਆਰਾ ਰਲ ਕੇ ਆਪ ਗੁਰੂ ਕਾ ਲੰਗਰ ਤਿਆਰ ਕੀਤਾ ਗਿਆ ਤੇ ਅਤੁੱਟ ਵਰਤਾਇਆ ਗਿਆ। ਸੰਸਥਾ ਦੇ ਚੇਅਰਮੈਨ ਡਾ.ਮੁਕੇਸ਼ ਸਿੰਗਲਾ, ਵਾਈਸ ਚੇਅਰਮੈਨ ਮਾ. ਨਿਰੰਜਣ ਲਾਲ, ਸੈਕਟਰੀ ਹਿਤੇਸ਼ ਸਿੰਗਲਾ ਨੇ ਵੀ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਈ.ਟੀ.ਟੀ ਪ੍ਰਿੰਸੀਪਲ ਡਾ.ਰਣਬੀਰ ਸਿੰਘ, ਸਕੂਲ ਪ੍ਰਿੰਸੀਪਲ ਸੁਖਵਿੰਦਰ ਸਿੰਘ, ਵਾਈਸ ਪ੍ਰਿੰਸੀਪਲ ਪੱਲਵੀ, ਨਰਸਿੰਗ ਵਿਭਾਗ ਦੇ ਮੁਖੀ ਮਨਜੀਤ ਕੌਰ ਸਮੇਤ ਸਮੁੱਚਾ ਸਟਾਫ਼ ਹਾਜ਼ਰ ਸੀ।



ਗੁਰਬਚਨ ਸਿੰਘ ਸੇਵਾ ਸੰਮਤੀ ਸੁਸਾਇਟੀ ਬੱਲੋ ਦੇ ਸੇਵਾਦਾਰਾਂ ਦਾ ਧੰਨਵਾਦ ਕਰਨ ਸਮੇਂ ਸਰਕਾਰੀ ਹਾਈ ਸਮਾਰਟ ਸਕੂਲ ਬੱਲੋ ਦਾ ਸਟਾਫ਼। *ਅਜੀਤ ਤਸਵੀਰ*

# ਗੁਰਬਚਨ ਸਿੰਘ ਸੇਵਾ ਸੰਮਤੀ ਸੁਸਾਇਟੀ ਬੱਲੋ ਨੇ ਸਰਕਾਰੀ ਹਾਈ ਸਮਾਰਟ ਸਕੂਲ ਦੇ ਕਾਰਜਾਂ ਲਈ ਦਿੱਤਾ ਸਹਿਯੋਗ

ਚਾਉਕੇ, 27 ਨਵੰਬਰ (ਮਨਜੀਤ ਸਿੰਘ ਘੜੈਲੀ)- ਗੁਰਬਚਨ ਸਿੰਘ ਸੇਵਾ ਸੰਮਤੀ ਸੁਸਾਇਟੀ ਪਿੰਡ ਬੱਲੋ ਵਲੋਂ ਸਰਕਾਰੀ ਹਾਈ ਸਮਾਰਟ ਸਕੂਲ ਬੱਲ੍ਹੋ ਵਿਖੇ ਛੱਤ ਵਾਲੇ ਪੱਖੇ, ਵਾਟਰ ਕੂਲਰ, ਪ੍ਰੋਜੈਕਟਰਾਂ ਦੀ ਰਿਪੇਅਰ ਦੀ ਸੇਵਾ ਕਰਵਾਈ ਗਈ। ਜਿਸ ਉਪਰ ਤਕਰੀਬਨ ਇਕ ਲੱਖ ਵੀਹ ਹਜ਼ਾਰ ਰੁਪਏ ਦੇ ਕਰੀਬ ਖ਼ਰਚ ਆਇਆ। ਸਕੂਲ ਦੀ ਮੁੱਖ ਅਧਿਆਪਕਾ ਸ੍ਰੀਮਤੀ ਜੋਤੀ ਗਰਗ, ਮਾਸਟਰ ਹਰਪ੍ਰੀਤ ਸਿੰਘ, ਰੇਸ਼ਮ ਸਿੰਘ, ਨਵੀਨ ਜਿੰਦਲ, ਰਾਮ ਪ੍ਰਤਾਪ ਸਿੰਘ, ਮੈਡਮ ਜਸਵੀਰ ਕੌਰ, ਰੁਪਿੰਦਰ ਕੌਰ, ਡੀ.ਪੀ.ਈ.ਸਿਮਰਜੀਤ ਕੌਰ ਵਲੋਂ ਸੁਸਾਇਟੀ ਦੇ ਸਰਪ੍ਰਸਤ ਦਵਿੰਦਰ ਸਿੰਘ ਫ਼ਰਾਂਸ ਦਾ ਅਤੇ ਸੁਸਾਇਟੀ ਮੈਂਬਰਾਂ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਸਮੇਂ ਸੁਸਾਇਟੀ ਦੇ ਪ੍ਰਧਾਨ ਦਵਿੰਦਰ ਸਿੰਘ ਕਾਲਾ, ਕੈਸ਼ੀਅਰ ਪਰਮਿੰਦਰ ਸਿੰਘ, ਮੀਤ ਪ੍ਰਧਾਨ ਜਰਨੈਲ ਸਿੰਘ, ਸਕੱਤਰ ਗੁਰਲਾਲ ਸਿੰਘ, ਮਾਰਕੀਟ ਕਮੇਟੀ ਮੌੜ ਦੇ ਚੇਅਰਮੈਨ ਬਲਵਿੰਦਰ ਸਿੰਘ ਬੱਲ੍ਹੋ, ਬਲਾਕ ਸੰਮਤੀ ਦੇ ਮੈਂਬਰ ਅਰਜਿੰਦਰ ਸਿੰਘ ਅਤੇ ਗੁਰਵਿੰਦਰ ਸਿੰਘ ਆਪ ਪਾਰਟੀ ਦੇ ਆਗੂ ਵੀ ਮੌਜੂਦ ਸਨ।

# ਏਅਰਟੈੱਲ ਟਾਵਰਾਂ ਦੇ ਬੀ.ਟੀ.ਐਸ. ਚੋਰੀ ਕਰਨ ਵਾਲੇ ਅਣਪਛਾਤਿਆਂ ਖਿਲਾਫ ਮਾਮਲਾ ਦਰਜ

ਕੋਟਫੱਤਾ, 27 ਨਵੰਬਰ (ਰਣਜੀਤ ਸਿੰਘ ਬੁੱਟਰ)- ਕੋਟਫੱਤਾ ਪੁਲਿਸ ਵਲੋਂ ਮੋਬਾਇਲ ਟਾਵਰਾਂ ਦੇ ਬੀ.ਟੀ.ਐਸ. ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀਆਂ ਤੇ ਨਵੂ ਕੁਮਾਰ ਵਾਸੀ ਬੀੜ ਤਲਾਬ ਦੀ ਸ਼ਿਕਾਇਤ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਿਸ ਕੋਟਫੱਤਾ ਨੂੰ ਦਿੱਤੀ ਸ਼ਿਕਾਇਤ ਵਿਚ ਨਵੂ ਕੁਮਾਰ ਨੇ ਦੱਸਿਆ ਕਿ 22-23 ਨਵੰਬਰ ਦੀ ਦਰਮਿਆਨੀ ਰਾਤ ਨੂੰ ਅਣਪਛਾਤੇ ਚੋਰ ਪਿੰਡ ਗਹਿਰੀ ਦੇਵੀ ਨਗਰ ਤੇ ਕੋਟ ਫੱਤਾ ਦੇ ਏਅਰਟੈੱਲ ਦੇ ਮੋਬਾਈਲ ਟਾਵਰਾਂ ਤੋਂ ਬੀ.ਟੀ.ਐਸ.ਚੋਰੀ ਕਰਕੇ ਲੈ ਗਏ। ਥਾਣਾ ਕੋਟਫੱਤਾ ਦੇ ਸਹਾਇਕ ਥਾਣੇਦਾਰ ਮੰਦਰ ਸਿੰਘ ਨੇ ਅਣਪਛਾਤੇ ਚੋਰਾਂ ਤੇ 305, 331(4) ਤਹਿਤ ਮਾਮਲਾ ਦਰਜ ਕਰਕੇ ਚੋਰਾਂ ਦੀ ਸ਼ੁਰੂ ਭਾਲ ਕਰ ਦਿੱਤੀ ਗਈ ਹੈ।

# ਨਗਰ ਨਿਗਮ 'ਚ ਤਾਇਨਾਤ ਕਾਮਿਆਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਖਿਲਾਫ਼ ਕੀਤਾ ਰੋਸ ਪ੍ਰਦਰਸ਼ਨ

## ਪੰਜਾਬ ਸਰਕਾਰ ਨਗਰ ਨਿਗਮ 'ਚ ਤਾਇਨਾਤ ਕਰਮਚਾਰੀਆਂ ਦੀਆਂ ਮੰਗਾਂ ਦਾ ਜਲਦ ਕਰੇ ਹੱਲ- ਕੈਲਾਸ ਸ਼ਰਮਾ

ਬਠਿੰਡਾ, 27 ਨਵੰਬਰ (ਪ੍ਰੀਤਪਾਲ ਸਿੰਘ ਰੋਮਾਣਾ)- ਨਗਰ ਨਿਗਮ 'ਚ ਤੈਨਾਤ ਕੱਚੇ ਅਤੇ ਪੱਕੇ ਕਾਮਿਆਂ ਵਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਨਿਗਮ ਦਫ਼ਤਰ ਬਾਹਰ ਦੋ ਘੰਟੇ ਦੀ ਗੇਟ ਰੈਲੀ ਕਰਦੇ ਹੋਏ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਨਿਗਮ ਕਾਮਿਆਂ ਨੇ ਮੰਗ ਕੀਤੀ ਕਿ ਕੱਚੇ ਕਾਮੇ ਪੱਕੇ ਕੀਤੇ ਜਾਣ, ਪੁਰਾਣੀ ਪੈਨਸ਼ਨ ਬਹਾਲ ਕਰਨਾ, ਡੀ.ਏ. ਦੀਆਂ ਕਿਸ਼ਤਾਂ ਲਾਗੂ ਕਰਨਾ, ਪੇ ਸਕੇਲ ਦਾ ਬਕਾਇਆ ਵਰਗੀਆਂ ਹੋਰ ਮੰਗਾਂ ਨੂੰ ਜਲਦ ਲਾਗੂ ਕੀਤਾ ਜਾਵੇ। ਇਸ ਮੌਕੇ ਨਗਰ ਨਿਗਮ 'ਚ ਤੈਨਾਤ ਸੀਨੀਅਰ ਆਗੂ ਕੈਲਾਸ ਸ਼ਰਮਾ, ਸਾਹਿਲ ਸ਼ਰਮਾ ਅਤੇ ਸਫ਼ਾਈ ਕਰਮਚਾਰੀ ਯੂਨੀਅਨ ਦੇ ਸੀਨੀਅਰ ਆਗੂ ਵੀਰ ਭਾਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪਿਛਲੇ ਲੰਬੇ ਸਮੇਂ ਤੋਂ ਨਗਰ ਨਿਗਮ 'ਚ ਤੈਨਾਤ ਕੱਚੇ ਅਤੇ ਪੱਕੇ ਮੁਲਾਜ਼ਮਾਂ ਦੀਆਂ ਕਈਆਂ ਮੰਗਾਂ ਹਨ, ਇਨ੍ਹਾਂ ਮੰਗਾਂ ਨੂੰ ਮਨਵਾਉਣ ਲਈ ਕਈ ਵਾਰ ਪੰਜਾਬ ਸਰਕਾਰ ਤੋਂ ਗੁਹਾਰ ਲਗਾ ਚੁੱਕੇ ਹਨ। ਪਰ ਪੰਜਾਬ ਸਰਕਾਰ ਵਲੋਂ ਹਰ ਵਾਰ ਦੀ ਤਰ੍ਹਾਂ ਅਣਗੌਲਿਆਂ ਕੀਤਾ ਜਾ ਰਿਹਾ ਹੈ। ਇਸੇ ਤਰ੍ਹਾਂ ਡੀ.ਏ. ਦੀਆਂ ਕਿਸ਼ਤਾਂ ਨੂੰ ਬਹਾਲ ਕਰਨ ਤੋਂ ਇਲਾਵਾ ਪੇ ਸਕੇਲ ਦਾ ਬਕਾਇਆ ਲਾਗੂ ਕੀਤਾ ਜਾਵੇ। ਉਨ੍ਹਾਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆ ਜਲਦ ਮੰਗਾਂ 'ਤੇ ਅਮਲ ਨਾ ਕੀਤਾ ਗਿਆ ਤਾਂ ਉਹ ਆਪਣੇ ਹੋਰ ਤਿੱਖੇ ਸੰਘਰਸ਼ ਦੀ ਰੂਪ ਰੇਖਾ ਤਿਆਰ ਕਰਕੇ ਜਲਦ ਹੀ ਵੱਡੇ ਪੱਧਰ 'ਤੇ ਧਰਨਾ ਲਗਾਉਣ ਲਈ ਮਜਬੂਰ ਹੋਣਗੇ।

# ਸਮਰਹਿੱਲ ਕਾਨਵੈਂਟ ਸਕੂਲ ਬਠਿੰਡਾ ਵਿਖੇ ਸ੍ਰੀਮਦ ਭਾਗਵਤ ਸਪਤਾਹ ਜਾਰੀ

ਬਠਿੰਡਾ, 27 ਨਵੰਬਰ (ਅੰਮ੍ਰਿਤਪਾਲ ਸਿੰਘ ਵਲਾਣ)- ਸਮਰਹਿੱਲ ਕਾਨਵੈਂਟ ਸਕੂਲ ਬਠਿੰਡਾ ਵਿਖੇ ਚੱਲ ਰਿਹਾ ਸ੍ਰੀਮਦ ਭਾਗਵਤ ਲਗਾਤਾਰ ਜਾਰੀ ਹੈ, ਜਿਸ ਦੇ ਚੌਥੇ ਦਿਨ ਕਥਾ ਰਸਿਕ ਧਰੁਵ ਕ੍ਰਿਸ਼ਨ ਨੇ ਵੱਖ-ਵੱਖ ਪੌਰਾਣਿਕ ਘਟਨਾਵਾਂ ਦੇ ਬ੍ਰਹਮ ਕਥਨ ਨਾਲ ਸ਼ਰਧਾਲੂਆਂ ਨੂੰ ਮੰਤਰਮੁਗਧ ਕੀਤਾ ਤੇ ਧੀਰਜ, ਸ਼ਰਧਾ ਤੇ ਦ੍ਰਿੜ੍ਹਤਾ ਦੀ ਮਹਿਮਾ ਬਾਰੇ ਦੱਸਿਆ। ਉਨ੍ਹਾਂ ਨੇ ਭਗਤ ਪ੍ਰਹਿਲਾਦ ਦੀ ਸਚਾਈ ਅਤੇ ਭਗਤੀ ਦੀ ਜ਼ੁਲਮ ਉਤੇ ਜਿੱਤ ਦੀ ਕਹਾਣੀ ਵੀ ਸਾਂਝੀ ਕਰਦਿਆਂ ਉਨ੍ਹਾਂ ਦੀ ਨਿੱਡਰਤਾ ਅਤੇ ਪਰਮਾਤਮਾ ਪ੍ਰਤੀ ਸ਼ਰਧਾ ਬਾਰੇ ਦੱਸਿਆ। ਫੇਰ ਉਨ੍ਹਾਂ ਵਾਮਨ ਅਵਤਾਰ ਬਾਰੇ ਦਿਲਚਸਪ ਢੰਗ ਨਾਲ ਸਮਝਾਇਆ ਕਿ ਕਿਵੇਂ ਪ੍ਰਭੂ ਵਾਮਨ ਦਾ ਰੂਪ ਧਾਰਨ ਕਰਕੇ, ਉਹ ਉਦਾਰ ਰਾਜਾ ਬਾਲੀ ਤੋਂ ਤਿੰਨ ਕਦਮ ਜ਼ਮੀਨ ਦੀ ਮੰਗ ਕਰਦਾ ਹੈ। ਰਾਜਾ ਬਾਲੀ ਦਾ ਸਮਰਪਣ, ਉਦਾਰਤਾ ਅਤੇ ਧਰਮ ਪ੍ਰਤੀ ਸ਼ਰਧਾ ਅੱਜ ਵੀ ਪ੍ਰਸੰਗਿਕ ਹੈ, ਸਮਰਪਣ, ਦਾਨ ਅਤੇ ਧਾਰਮਿਕਤਾ ਨੂੰ ਅੱਜ ਵੀ ਆਦਰਸ਼ ਮੰਨਿਆ ਜਾਂਦਾ ਹੈ। ਕਥਾਵਾਚਕ ਨੇ ਸਮਝਾਇਆ ਕਿ ਕੋਈ ਕਿੰਨਾ ਵੀ ਵੱਡਾ ਕਿਉਂ ਨਾ ਹੋਵੇ ਧਾਰਮਿਕਤਾ ਅਤੇ ਨਿਮਰਤਾ ਸਰਵਉੱਚ ਹੁੰਦੀ ਹੈ। ਅੰਤ ਵਿਚ ਉਨ੍ਹਾਂ ਭਗਵਾਨ ਰਾਮ ਅਤੇ ਸੀਤਾ ਦੇ ਵਿਆਹ ਦੀ ਪਵਿੱਤਰ ਕਹਾਣੀ ਦਾ ਵਰਣਨ ਕੀਤਾ। ਸ਼ਿਵ ਦੇ ਧਨੁਸ਼ ਦਾ ਟੁਟਣਾ, ਬਰਾਤ ਦਾ ਆਗਮਨ, ਸ਼ੁਭ ਗੀਤ ਅਤੇ ਰਵਾਇਤੀ ਵਿਆਹ ਦੇ ਦ੍ਰਿਸ਼ਾਂ ਦੇ ਵਰਣਨ ਤੋਂ ਦਰਸ਼ਕ ਮੰਤਰਮੁਗਧ ਹੋ ਗਏ। ਸਮਾਗਮ ਦੌਰਾਨ ਕ੍ਰਿਸ਼ਨ ਜਨਮ ਉਤਸਵ ਵੀ ਧੂਮਧਾਮ ਨਾਲ ਮਨਾਇਆ ਗਿਆ। ਧਰੁਵ ਕ੍ਰਿਸ਼ਨ ਨੇ ਦੇਵਕੀ-ਵਾਸੁਦੇਵ ਦੇ ਜੇਲ੍ਹ ਕਾਂਡ ਦਾ ਵਰਣਨ, ਕਾਨ੍ਹਾ ਦੇ ਬ੍ਰਹਮ ਜਨਮ ਅਤੇ ਨੰਦ ਬਾਬਾ ਦੇ ਘਰ ਪਹੁੰਚਣ ਦੀ ਕਹਾਣੀ ਭਾਵਨਾਤਮਕ ਢੰਗ ਨਾਲ ਬਿਆਨ ਕੀਤੀ। ਕਥਾ ਸਮਾਪਤ ਹੋਣ ਤੋਂ ਬਾਅਦ ਪ੍ਰਬੰਧਕ ਰਮੇਸ਼ ਕੱਕੜ ਨੇ ਸ਼ਾਨਦਾਰ ਆਰਤੀ ਕੀਤੀ ਅਤੇ ਭਗਵਾਨ ਕ੍ਰਿਸ਼ਨ ਨੂੰ ਮੱਖਣ ਅਤੇ ਮਿਸ਼ਰੀ ਦਾ ਭੋਗ ਲਗਵਾਇਆ। ਸਕੂਲ ਪ੍ਰਬੰਧਕ ਨੇ ਕਿਹਾ ਕਿ ਅਜਿਹੇ ਅਧਿਆਤਮਿਕ ਸਮਾਗਮ ਬੱਚਿਆਂ ਵਿਚ ਕਦਰਾਂ-ਕੀਮਤਾਂ, ਨੈਤਿਕਤਾ ਅਤੇ ਸ਼ਰਧਾ ਨੂੰ ਮਜ਼ਬੂਤ ਕਰਦੇ ਹਨ, ਜਿੰਨ੍ਹਾਂ ਨੂੰ ਸਮਰਹਿੱਲ ਕਾਨਵੈਂਟ ਸਕੂਲ ਹਰ ਸਾਲ ਜਾਰੀ ਰੱਖੇਗਾ।



ਸਮਰਹਿੱਲ ਕਾਨਵੈਂਟ ਸਕੂਲ ਬਠਿੰਡਾ 'ਚ ਚੱਲ ਰਹੇ ਧਾਰਮਿਕ ਸਮਾਗਮ ਦਾ ਦ੍ਰਿਸ਼। *ਅਜੀਤ ਤਸਵੀਰ*



ਦਸਮੇਸ਼ ਗਊਸ਼ਾਲਾ ਮਹਿਰਾਜ ਦਾ ਪ੍ਰਬੰਧ ਨੰਦੀ ਗਊਸ਼ਾਲਾ ਦੇ ਸੰਚਾਲਕ ਅਕਾਸ਼ ਮੁੰਨੀ ਨੂੰ ਸੌਂਪਣ ਮੌਕੇ ਸਨਮਾਨਿਤ ਕਰਦੇ ਪਿੰਡ ਵਾਸੀ। *ਤਸਵੀਰ: ਸੁਖਪਾਲ ਮਹਿਰਾਜ*

# ਦਸਮੇਸ਼ ਗਊਸ਼ਾਲਾ ਮਹਿਰਾਜ ਦਾ ਪ੍ਰਬੰਧ ਨੰਦੀ ਗਊਸ਼ਾਲਾ ਨੂੰ ਸੌਂਪਿਆ

ਮਹਿਰਾਜ, 27 ਨਵੰਬਰ (ਸੁਖਪਾਲ ਮਹਿਰਾਜ)- ਦਸਮੇਸ਼ ਗਊਸ਼ਾਲਾ, ਮਹਿਰਾਜ ਵਿਖੇ ਮੋਹਤਬਰ ਵਿਅਕਤੀਆਂ ਦੀ ਮੀਟਿੰਗ ਹੋਈ, ਜਿਸ ਵਿਚ ਚਰਚਾ ਉਪਰੰਤ ਗਊਸ਼ਾਲਾ ਦਾ ਪ੍ਰਬੰਧ ਨੰਦੀ ਗਊਸ਼ਾਲਾ ਦੇ ਪ੍ਰਬੰਧਕ ਸੰਤ ਅਕਾਸ਼ ਮੁਨੀ ਨੂੰ ਸੌਂਪਣ ਦਾ ਫ਼ੈਸਲਾ ਕੀਤਾ ਇਸ ਤੋਂ ਪਹਿਲਾਂ ਦਸਮੇਸ਼ ਗਊਸ਼ਾਲਾ ਦਾ ਪ੍ਰਬੰਧ ਨੈਬ ਸਿੰਘ ਕੋਲ ਸੀ, ਜੋ ਕਿ ਪਿਛਲੇ ਕਈ ਮਹੀਨਿਆਂ ਤੋਂ ਬਿਮਾਰ ਚੱਲ ਰਹੇ ਹਨ। ਸਮਾਜ ਸੇਵੀ ਮਨਵੀਰ ਸਿੰਘ ਮੰਨਾ, ਕਿਸਾਨ ਆਗੂ ਮਿੱਠੂ ਵੈਦ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਗਊਸ਼ਾਲਾ ਪ੍ਰਬੰਧ ਸਬੰਧੀ ਇਹ ਮਹੱਤਵਪੂਰਨ ਇਕੱਠ ਗੁਰਦੁਆਰਾ ਸਾਹਿਬ ਵਿਖੇ ਐਲਾਨ ਕਰਵਾਉਣ ਉਪਰੰਤ ਕੀਤਾ ਗਿਆ ਸੀ, ਤਾਂ ਜੋ ਪਿੰਡ ਦੇ ਹਰੇਕ ਵਾਸੀ ਦੀ ਰਾਏ ਸ਼ਾਮਲ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਦਸਮੇਸ਼ ਗਊਸ਼ਾਲਾ ਕੋਲ 7 ਏਕੜ ਜ਼ਮੀਨ ਹੈ, ਜਿਸ 'ਤੇ ਮੋਟਰ ਕੁਨੈਕਸ਼ਨ ਅਤੇ ਸਬੰਧਿਤ ਮਸ਼ੀਨਰੀ ਦਾ ਵੀ ਪੂਰੀ ਸੁਵਿਧਾ ਉਪਲੱਬਧ ਹੈ। ਇਸ ਮੌਕੇ ਗਊਸ਼ਾਲਾ ਦੇ ਪੁਰਾਣੇ ਪ੍ਰਬੰਧਕ ਨੈਬ ਸਿੰਘ ਦੇ ਪਰਿਵਾਰਿਕ ਮੈਂਬਰ ਨੂੰ ਸਨਮਾਨਿਤ ਕੀਤਾ ਗਿਆ।

# ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਤਿੰਨ ਰੋਜ਼ਾ ਅੰਤਰਰਾਸ਼ਟਰੀ ਗੁਰਮਤਿ ਸੰਗੀਤ ਸੰਮੇਲਨ ਤੇ ਕਾਨਫ਼ਰੰਸ ਦਾ ਆਗਾਜ਼

ਤਲਵੰਡੀ ਸਾਬੋ, 27 ਨਵੰਬਰ (ਰਵਜੋਤ ਸਿੰਘ ਰਾਹੀ)- ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਸਥਾਪਿਤ ਗੁਰੂ ਨਾਨਕ ਚੇਅਰ, ਭਾਈ ਮਰਦਾਨਾ ਚੇਅਰ ਅਤੇ ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫਾਰਮਿੰਗ ਆਰਟਸ ਵਲੋਂ 16 ਅੰਤਰ-ਰਾਸ਼ਟਰੀ ਸੰਸਥਾਵਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350ਵੇਂ ਵਰ੍ਹੇ ਨੂੰ ਸਮਰਪਿਤ ਤਿੰਨ ਰੋਜ਼ਾ ਅੰਤਰ-ਰਾਸ਼ਟਰੀ ਗੁਰਮਤਿ ਸੰਗੀਤ ਸੰਮੇਲਨ ਅਤੇ ਕਾਨਫ਼ਰੰਸ 'ਸ੍ਰਿਸ਼ਟੀ ਦੀ ਚਾਦਰ: ਸ੍ਰੀ ਗੁਰੂ ਤੇਗ ਬਹਾਦਰ ਜੀ-ਜੀਵਨ ਅਤੇ ਸ਼ਹਾਦਤ' ਦਾ ਆਗਾਜ਼ ਮੁੱਖ ਮਹਿਮਾਨ ਮਨਮੋਹਨ ਖੰਨਾ, ਅੰਤਰ ਰਾਸ਼ਟਰੀ ਡਿਜ਼ਾਈਨਰ ਵਲੋਂ ਕੀਤਾ ਗਿਆ। ਕਾਨਫ਼ਰੰਸ ਦੀ ਪ੍ਰਧਾਨਗੀ ਪ੍ਰੋ.(ਡਾ.) ਰਾਮੇਸ਼ਵਰ ਸਿੰਘ ਵਾਈਸ ਚਾਂਸਲਰ ਨੇ ਕੀਤੀ। ਇਸ ਮੌਕੇ ਡਾ. ਹਰਜਸਪਾਲ ਸਿੰਘ, ਕੈਂਪਸ ਡਾਇਰੈਕਟਰ, ਗੁਰਪ੍ਰੀਤ ਸਿੰਘ ਆਸਟ੍ਰੇਲੀਆ, ਹਰਜੀਤ ਸਿੰਘ ਕੈਨੇਡਾ ਤੇ ਕਲਾ ਗੁਰੂ ਗੁਰਪ੍ਰੀਤ ਸਿੰਘ ਆਰਟਿਸਟ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਲਗਾਈ ਗਈ ਕਲਾ ਪ੍ਰਦਰਸ਼ਨੀ ਦਾ ਉਦਘਾਟਨ ਕਰਦੇ ਹੋਏ ਮੁੱਖ ਮਹਿਮਾਨ ਖੰਨਾ ਨੇ ਕਿਹਾ ਕਿ ਕਲਾਕਾਰਾਂ ਵਲੋਂ ਬਣਾਈਆਂ ਗਈਆਂ ਪੇਂਟਿੰਗਜ਼ ਜੀਵੰਤ ਲਗਦੀਆਂ ਹਨ ਅਤੇ ਵਿਦਿਆਰਥੀਆਂ ਨੇ ਆਪਣੀਆਂ ਕਲਾ ਕ੍ਰਿਤੀਆਂ ਰਾਹੀਂ ਗੁਰੂ ਸਾਹਿਬਾਨ ਨੂੰ ਸਿਜਦਾ ਕੀਤਾ ਹੈ। ਡਾ. ਸਿੰਘ ਨੇ ਸ੍ਰੀ ਗੁਰੂ ਤੇਗ ਬਹਾਦੁਰ ਜੀ ਦੀ ਸ਼ਹਾਦਤ ਨੂੰ ਸਿਰ ਝੁਕਾਉਂਦੇ ਹੋਏ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਦੀ ਮਿਸਾਲ ਦੁਨੀਆਂ ਦੇ ਇਤਿਹਾਸ ਵਿਚ ਨਹੀਂ ਮਿਲਦੀ। ਉਨ੍ਹਾਂ ਸਭ ਨੂੰ ਗੁਰੂਆਂ ਦੀ ਬਾਣੀ ਅਪਨਾਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਸਾਨੂੰ ਸਰਬੱਤ ਦੇ ਭਲੇ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਤਿਆਰ ਰਹਿਣਾ ਚਾਹੀਦਾ ਹੈ। ਸਮਾਰੋਹ ਦੇ ਨਿਰਦੇਸ਼ਕ ਅਤੇ ਆਯੋਜਨ ਸਕੱਤਰ ਡਾ.ਗੁਰਪ੍ਰੀਤ ਕੌਰ ਨੇ ਕਿਹਾ ਕਿ ਆਰਟ ਗੈਲਰੀ ਉਨ੍ਹਾਂ ਦੇ ਸੁਪਨੇ ਤੋਂ ਮੰਜ਼ਿਲ ਤੱਕ ਦਾ ਸਫ਼ਰ ਹੈ। ਉਨ੍ਹਾਂ ਦੱਸਿਆ ਕਿ 27 ਨਵੰਬਰ ਦੇ ਗੁਰਮਤਿ ਸੰਮੇਲਨ ਵਿਚ ਦੇਸ਼ਾਂ ਵਿਦੇਸ਼ਾਂ ਤੋਂ ਗੁਰਮਤਿ ਸੰਗੀਤ ਦੇ ਵਿਦਵਾਨ ਪਦਮ ਡਾ. ਹਰਮੋਹਿੰਦਰ ਸਿੰਘ ਬੇਦੀ, ਚਾਂਸਲਰ ਸੈਂਟਰਲ ਯੂਨੀਵਰਸਿਟੀ ਧਰਮਸ਼ਾਲਾ, ਹਿਮਾਚਲ ਪ੍ਰਦੇਸ਼, ਸੰਗੀਤ ਨਾਟਕ ਅਕਾਦਮੀ ਅਵਾਰਡ ਜੇਤੂ ਪ੍ਰੋ. (ਡਾ.) ਗੁਰਨਾਮ ਸਿੰਘ, ਪ੍ਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ, ਡਾ. ਪੀਯੂਸ਼ ਵਰਮਾ ਤੋਂ ਇਲਾਵਾ ਸਿੱਖ ਇਤਿਹਾਸ ਦੇ ਵਿਦਵਾਨ, ਬੁੱਧੀਜੀਵੀ, ਖੋਜਾਰਥੀ ਅਤੇ ਕਲਾਕਾਰ ਗੁਰੂ ਤੇਗ ਬਹਾਦੁਰ ਜੀ ਦੀ ਕੁਰਬਾਨੀ ਨੂੰ ਸ਼ਰਧਾਪੂਰਵਕ ਯਾਦ ਕਰਨਗੇ।



ਤਿੰਨ ਰੋਜ਼ਾ ਅੰਤਰ-ਰਾਸ਼ਟਰੀ ਗੁਰਮਤਿ ਸੰਗੀਤ ਸੰਮੇਲਨ ਤੇ ਕਾਨਫ਼ਰੰਸ ਦਾ ਆਗਾਜ਼ ਕਰਦੇ ਹੋਏ ਮਹਿਮਾਨ ਤੇ ਵਰਸਿਟੀ ਅਧਿਕਾਰੀ। *ਤਸਵੀਰ: ਰਾਹੀ*

# ਮਲੂਕਾ ਵਿਖੇ ਅਕਾਲੀ ਦਲ ਦੀ ਹਲਕਾ ਪੱਧਰੀ ਬੈਠਕ ਅੱਜ

## ਮੌਜੂਦਾ ਸਿਆਸੀ ਮਸਲੇ, ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ 'ਤੇ ਹੋਵੇਗੀ ਚਰਚਾ

ਭਗਤਾ ਭਾਈਕਾ, 27 ਨਵੰਬਰ (ਸੁਖਪਾਲ ਸਿੰਘ ਸੋਨੀ)-ਸ਼੍ਰੋਮਣੀ ਅਕਾਲੀ ਦਲ ਹਲਕਾ ਰਾਮਪੁਰਾ ਫੂਲ ਦੀ ਹਲਕਾ ਪੱਧਰੀ ਬੈਠਕ 28 ਨਵੰਬਰ ਦਿਨ ਸ਼ੁਕਰਵਾਰ ਨੂੰ ਸਵੇਰੇ 11 ਵਜੇ ਗੁਰਦੁਆਰਾ ਸ੍ਰੀ ਤਾਰੂਆਣਾ ਸਾਹਿਬ ਮਲੂਕਾ ਵਿਖੇ ਸਾਬਕਾ ਕੈਬਨਿਟ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ ਹੇਠ ਬੁਲਾਈ ਗਈ ਹੈ। ਬੈਠਕ ਸਬੰਧੀ ਗੱਲ ਕਰਦਿਆਂ ਮਲੂਕਾ ਨੇ ਕਿਹਾ ਕੇ ਪੰਥ ਅਤੇ ਪੰਜਾਬ ਦੇ ਕਈ ਮਾਮਲੇ ਚਿਰਾਂ ਤੋਂ ਲਟਕਦੇ ਆ ਰਹੇ ਰਹੇ ਹਨ। ਕੇਂਦਰ ਸਰਕਾਰ ਵਲੋਂ ਕਦੇ ਵੀ ਪੰਜਾਬ ਦੇ ਮਸਲਿਆਂ ਦੇ ਹੱਲ ਲੈ ਕੋਈ ਠੋਸ ਉਪਰਾਲੇ ਨਹੀਂ ਕੀਤੇ ਗਏ। ਸਮੇਂ-ਸਮੇਂ ਦੀਆਂ ਕੇਂਦਰੀ ਸ਼ਕਤੀਆਂ ਨੇ ਮਸਲਿਆਂ ਨੂੰ ਹੋਰ ਉਲਝਾਉਣ ਅਤੇ ਪੰਜਾਬ ਦੇ ਹੱਕਾਂ ਨੂੰ ਕਮਜ਼ੋਰ ਕਰਨ ਦੀ ਨੀਤੀ ਅਪਣਾਈ ਹੈ। ਮਲੂਕਾ ਨੇ ਕਿਹਾ ਕਿ ਤਾਜ਼ਾ ਮਾਮਲਾ ਪੰਜਾਬ ਯੂਨੀਵਰਸਿਟੀ ਅਤੇ ਚੰਡੀਗੜ੍ਹ ਨਾਲ ਜੁੜਿਆ ਹੈ, ਪਿਛਲੇ ਦਿਨੀਂ ਪੀ ਯੂ ਅਤੇ ਚੰਡੀਗੜ੍ਹ ਨੂੰ ਪੰਜਾਬ ਤੋਂ ਖੋਹਣ ਦੀ ਸਾਜਿਸ਼ ਕੀਤੀ ਗਈ ਹੈ। ਅਕਾਲੀ ਦਲ ਇਨ੍ਹਾਂ ਮਾਮਲਿਆਂ 'ਤੇ ਪੰਜਾਬ ਅਤੇ ਪੰਥ ਨਾਲ ਖੜ੍ਹਾ ਹੈ। ਮਲੂਕਾ ਵਿਖੇ ਬੈਠਕ ਦੌਰਾਨ ਇਨ੍ਹਾਂ ਮਾਮਲਿਆ 'ਤੇ ਵਰਕਰਾਂ ਨਾਲ ਵਿਚਾਰ ਸਾਂਝੇ ਕੀਤੇ ਜਾਣਗੇ। ਇਸ ਤੋਂ ਇਲਾਵਾ ਲੰਮੇ ਸਮੇਂ ਤੋਂ ਉਡੀਕੀਆਂ ਜਾ ਰਹੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਦਸੰਬਰ ਦੇ ਦੂਜੇ ਹਫ਼ਤੇ 'ਚ ਹੋਣ ਦੀ ਉਮੀਦ ਹੈ। ਚੋਣਾਂ ਲਈ ਉਮੀਦਵਾਰ ਅਤੇ ਪਿੰਡਾਂ 'ਚ ਜ਼ਮੀਨੀ ਪੱਧਰ 'ਤੇ ਪ੍ਰਚਾਰ ਸਬੰਧੀ ਵੀ ਵਰਕਰਾਂ ਅਤੇ ਸੀਨੀਅਰ ਆਗੂਆਂ ਨਾਲ ਵਿਚਾਰ ਚਰਚਾ ਕੀਤੀ ਜਾਵੇਗੀ।



ਸਿਕੰਦਰ ਸਿੰਘ ਮਲੂਕਾ

# ਪੰਜਾਬੀ ਯੂਨੀਵਰਸਿਟੀ ਰਿਜਨਲ ਸੈਂਟਰ ਬਠਿੰਡਾ ਵਿਖੇ ਸ਼ੁਰੂ ਹੋਵੇਗਾ ਇੰਟੈਗਰੇਟਰ ਟੀਚਰ ਐਜੂਕੇਸ਼ਨ ਪ੍ਰੋਗਰਾਮ

## ਐਨ.ਸੀ.ਟੀ.ਈ. ਵਲੋਂ ਮਾਨਤਾ ਪ੍ਰਾਪਤ ਹੋਵੇਗਾ ਇਹ 4 ਸਾਲਾ ਸੈਸ਼ਨ

ਬਠਿੰਡਾ, 27 ਨਵੰਬਰ (ਅੰਮ੍ਰਿਤਪਾਲ ਸਿੰਘ ਵਲਾਣ)- ਪੰਜਾਬੀ ਯੂਨੀਵਰਸਿਟੀ ਰਿਜਨਲ ਸੈਂਟਰ ਬਠਿੰਡਾ (ਐਜੂਕੇਸ਼ਨ ਵਿਭਾਗ) ਵਿਖੇ ਐਨ.ਸੀ.ਟੀ.ਈ. ਤੋਂ ਮਾਨਤਾ ਪ੍ਰਾਪਤ ਚਾਰ ਸਾਲਾ ਇੰਟੈਗਰੇਟਰ ਟੀਚਰ ਐਜੂਕੇਸ਼ਨ ਪ੍ਰੋਗਰਾਮ ਸੈਸ਼ਨ 2026-27 ਤੋਂ ਸ਼ੁਰੂ ਹੋਣ ਜਾ ਰਿਹਾ ਹੈ, ਜਿਸ ਦਾ ਅਧਿਆਪਕ ਬਣਨ ਦੇ ਚਾਹਵਾਨਾਂ ਨੂੰ ਭਰਪੂਰ ਲਾਭ ਮਿਲੇਗਾ। ਇਸ ਸਬੰਧੀ ਵਿਭਾਗ ਦੇ ਮੁਖੀ ਡਾ. ਰਮਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਕੋਰਸ ਬੀ.ਏ ਅਤੇ ਬੀ.ਐੱਡ. ਦੋਵੇਂ ਕੋਰਸਾਂ ਦੇ ਬਰਾਬਰ ਹੋਵੇਗਾ ਅਤੇ ਵਿਦਿਆਰਥੀਆਂ ਨੂੰ ਬੀ.ਏ. (ਤਿੰਨ ਸਾਲ) ਅਤੇ ਬੀ.ਐਡ. (ਦੋ ਸਾਲ) ਉਪਰ ਕੁਲ ਪੰਜ ਸਾਲ ਦੀ ਪੜ੍ਹਾਈ ਕਰਨ ਦੀ ਬਜਾਏ ਕੇਵਲ 4 ਸਾਲਾਂ 'ਚ ਹੀ ਸੈਕੰਡਰੀ ਪੱਧਰ ਦੇ ਸਕੂਲਾਂ ਲਈ ਅਧਿਆਪਕ ਬਣਨ ਦੇ ਯੋਗ ਬਣਾ ਦੇਵੇਗਾ। ਇਸ ਕੋਰਸ 'ਚ ਦਾਖਲਾ ਲੈਣ ਲਈ ਕਿਸੇ ਵੀ ਸਟਰੀਮ 'ਚ ਬਾਰ੍ਹਵੀਂ ਕਲਾਸ ਪਾਸ ਵਿਦਿਆਰਥੀ ਯੋਗ ਹੋਣਗੇ ਅਤੇ ਇਸ ਸਬੰਧੀ ਨੈਸ਼ਨਲ ਟੈਸਟਿੰਗ ਏਜੰਸੀ ਵਲੋਂ ਅਪ੍ਰੈਲ 2026 'ਚ ਰਾਸ਼ਟਰੀ ਪੱਧਰ 'ਤੇ ਦਾਖਲਾ ਟੈੱਸਟ ਲਿਆ ਜਾਵੇਗਾ, ਜਿਸ 'ਚ ਦਾਖਲਾ ਟੈੱਸਟ ਲਈ ਵਿਦਿਆਰਥੀਆਂ ਨੂੰ ਫਰਵਰੀ-ਮਾਰਚ 2026 'ਚ ਅਪਲਾਈ ਕਰਨਾ ਪਵੇਗਾ।ਉਨ੍ਹਾਂ ਦੱਸਿਆ ਇਸ ਕੋਰਸ 'ਚ ਦਾਖਲਾ ਲੈਣ ਲਈ ਬਾਰ੍ਹਵੀਂ ਕਲਾਸ 'ਚੋਂ ਜਨਰਲ ਕੈਟਾਗਰੀ ਦੇ ਵਿਦਿਆਰਥੀਆਂ ਦੇ ਘੱਟੋ-ਘੱਟ 50 ਫ਼ੀਸਦੀ ਅਤੇ ਐਸ.ਸੀ, ਐਸ.ਟੀ, ਓ.ਬੀ.ਸੀ. ਅਤੇ ਪੀ.ਡਬਲਿਊ.ਡੀ. ਕੈਟਾਗਰੀਆਂ ਦੇ ਵਿਦਿਆਰਥੀਆਂ ਲਈ 45 ਫ਼ੀਸਦੀ ਅੰਕ ਹੋਣੇ ਚਾਹੀਦੇ ਹਨ। ਵਿਭਾਗ ਦੇ ਮੁਖੀ ਨੇ ਦੱਸਿਆ ਕਿ ਰਿਜਨਲ ਸੈਂਟਰ ਵਿਖੇ ਸਰਕਾਰ ਦੀ ਪੀ. ਐਮ. ਉਸ਼ਾ ਸਕੀਮ ਦੇ ਅੰਤਰਗਤ ਲੜਕੀਆਂ ਦੇ ਹੋਸਟਲ, ਲਾਇਬ੍ਰੇਰੀ ਅਤੇ ਆਡੀਟੋਰੀਅਮ ਬਣਨ ਦਾ ਕੰਮ ਪਹਿਲਾਂ ਹੀ ਚੱਲ ਰਿਹਾ ਜੋ ਕਿ ਇਸ ਸੈਸ਼ਨ ਦੇ ਅੰਤ ਤੱਕ ਪੂਰਾ ਹੋ ਜਾਵੇਗਾ ਅਤੇ ਅਗਲੇ ਸੈਸ਼ਨ (2026-27) ਤੋਂ ਇੰਟੈਗਰੇਟਿਡ ਟੀਚਰ ਪ੍ਰੋਗਰਾਮ ਦੀਆਂ ਕਲਾਸਾਂ ਸ਼ੁਰੂ ਹੋ ਜਾਣਗੀਆਂ। ਉਨ੍ਹਾਂ ਕਿਹਾ ਕਿ ਸੈਂਟਰ ਵਿਖੇ ਪਿਛਲੇ 25 ਸਾਲਾਂ ਤੋਂ ਬੀ.ਐਡ. (ਦੋ ਸਾਲਾ) ਅਤੇ ਐਮ.ਐਡ. (ਦੋ ਸਾਲਾ) ਕੋਰਸ ਸਫਲਤਾਪੂਰਵਕ ਚੱਲ ਰਹੇ ਹਨ ਤੇ ਹੁਣ ਉਕਤ ਟੀਚਰ ਐਜੂਕੇਸ਼ਨ ਕੋਰਸ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਉਪ-ਕੁਲਪਤੀ ਨੇ ਇਸ ਚਾਰ ਸਾਲਾ ਟੀਚਰ ਐਜੂਕੇਸ਼ਨ ਕੋਰਸ ਲਈ ਵਿਭਾਗ ਨੂੰ ਵਧਾਈ ਦਿੰਦਿਆਂ ਇਸ ਕੋਰਸ ਨਾਲ ਸਬੰਧਿਤ ਹੋਰ ਸਹੂਲਤਾਂ ਪ੍ਰਦਾਨ ਕਰਨ ਦਾ ਭਰੋਸਾ ਦਿੱਤਾ। ਵਿਭਾਗ ਦੇ ਅਧਿਆਪਕਾਂ ਡਾ. ਕਮਲਜੀਤ ਸਿੰਘ, ਡਾ. ਸੁਰਜੀਤ ਸਿੰਘ, ਡਾ. ਰਕਸ਼ਿੰਦਰ ਕੌਰ, ਡਾ. ਮਨਦੀਪ ਕੌਰ, ਅਰਸ਼ਦੀਪ ਕੌਰ, ਡਾ. ਨਿਰਮਲ ਕੌਰ, ਅਮਰਵੀਰ ਸਿੰਘ ਅਤੇ ਅਵਤਾਰ ਸਿੰਘ ਨੇ ਇਲਾਕੇ ਦੇ ਸੈਕੰਡਰੀ ਅਧਿਆਪਕ ਬਣਨ ਦੇ ਚਾਹਵਾਨ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਇਸ ਕੋਰਸ ਦੀ ਦਾਖਲਾ ਪ੍ਰੀਖਿਆ 'ਚ ਭਾਗ ਲੈਣ ਦੀ ਸਲਾਹ ਦਿੰਦਿਆਂ ਇਸ ਕੋਰਸ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਕਿਹਾ।

# ਪੰਜਾਬ ਸਰਕਾਰ ਦੀਆਂ ਯੋਗ ਸ਼ਾਲਾਵਾਂ ਬਦਲ ਰਹੀਆਂ ਹਨ ਸੈਂਕੜਿਆਂ ਦੀਆਂ ਜ਼ਿੰਦਗੀਆਂ-ਟਰੇਨਰ ਹਰਦੀਪ ਸਿੰਘ

ਗੋਨਿਆਣਾ, 27 ਨਵੰਬਰ (ਲਛਮਣ ਦਾਸ ਗਰਗ)- ਸੂਬਾ ਸਰਕਾਰ ਵੱਲੋਂ ਵੱਲੋਂ ਲੋਕਾਂ ਦੀ ਤੰਦਰੁਸਤੀ ਅਤੇ ਸਿਹਤ ਨੂੰ ਮਜ਼ਬੂਤ ਕਰਨ ਲਈ ਸ਼ੁਰੂ ਕੀਤੀ ਗਈ ਸੀ ਐਮ ਯੋਗਸ਼ਾਲਾ ਮੁਹਿੰਮ ਗੋਨਿਆਣਾ ਮੰਡੀ ਵਿੱਚ ਮਨੁੱਖਤਾ ਦੀ ਨਿਰਾਲੀ ਮਿਸਾਲ ਪੇਸ਼ ਕਰ ਰਹੀ ਹੈ। ਇੱਥੇ ਸ੍ਰੀ ਦੁਰਗਾ ਮੰਦਰ ਦੇ ਹਾਲ ਵਿੱਚ, ਨੇਹੀਆਂ ਵਾਲਾ ਸਰਕਾਰੀ ਸਕੂਲ ਵਿਚ ਅਤੇ ਕੋਠੇ ਲਾਲ ਸਿੰਘ ਵਿਖੇ ਪਿਛਲੇ ਕਈ ਮਹੀਨਿਆਂ ਤੋਂ ਲਗਾਤਾਰ ਯੋਗਾ ਦੀਆਂ ਕਲਾਸਾਂ ਚੱਲ ਰਹੀਆਂ ਹਨ, ਜਿਨ੍ਹਾਂ ਦੀ ਕਮਾਨ ਸਮਰਪਿਤ ਯੋਗ ਟਰੇਨਰ ਹਰਦੀਪ ਸਿੰਘ ਸੰਭਾਲ ਰਹੇ ਹਨ। ਹਰਦੀਪ ਸਿੰਘ ਨੇ ਕਿਹਾ ਕਿ ਉਹ ਸੈਂਕੜੇ ਹੀ ਵਿਅਕਤੀਆਂ ਨੂੰ ਯੋਗਾ ਸਿਖਾ ਚੁੱਕੇ ਹਨ ਅਤੇ ਬੇਸ਼ੁਮਾਰ ਲੋਕਾਂ ਨੇ ਕਮਰ ਦਰਦ, ਗਠੀਆ, ਬਲੱਡ ਪ੍ਰੈਸ਼ਰ, ਡਿਪ੍ਰੈਸ਼ਨ ਵਰਗੀਆਂ ਅਨੇਕਾਂ ਬਿਮਾਰੀਆਂ ਤੋਂ ਰਾਹਤ ਹਾਸਲ ਕੀਤੀ ਹੈ। ਉਨ੍ਹਾਂ ਵਲੋਂ ਉਕਤ ਥਾਵਾਂ ਤੇ ਰੋਜ਼ਾਨਾ ਸਵੇਰ ਸਮੇਂ ਯੋਗਾ ਕਲਾਸਾਂ ਨਿਯਮਤ ਰੂਪ ਵਿਚ ਚਲਾਈਆਂ ਜਾ ਰਹੀਆਂ ਹਨ। ਲੋਕਾਂ ਨੇ ਉਨ੍ਹਾਂ ਦੀ ਸੇਵਾ, ਨਿਮਰਤਾ ਅਤੇ ਸਮਰਪਣ ਦੀ ਖੁੱਲ੍ਹ ਕੇ ਸਰਾਹਨਾ ਕੀਤੀ ਹੈ।

# ਮੈਡੀਕਲ ਪ੍ਰੈਕਟੀਸ਼ਨਰ ਐਸੋ: ਬਲਾਕ ਰਾਮਪੁਰਾ ਫੂਲ ਦੀ ਮਹੀਨਾਵਾਰ ਮੀਟਿੰਗ ਹੋਈ

ਰਾਮਪੁਰਾ ਫੂਲ, 27 ਨਵੰਬਰ (ਹੇਮੰਤ ਕੁਮਾਰ ਸ਼ਰਮਾ)- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਰਜਿ: ਬਲਾਕ ਰਾਮਪੁਰਾ ਫੂਲ ਦੀ ਮਹੀਨਾਵਾਰ ਮੀਟਿੰਗ ਫੂਲ ਰੋਡ 'ਤੇ ਸਥਿਤ ਸ਼ਹੀਦ ਅਧਿਆਪਕ ਯਾਦਗਾਰੀ ਹਾਲ ਵਿਖੇ ਡਾ: ਨਿਰਮਲ ਸਿੰਘ ਬਲਾਕ ਪ੍ਰਧਾਨ ਦੀ ਅਗਵਾਈ ਵਿਚ ਹੋਈ। ਇਸ ਮੀਟਿੰਗ ਵਿਚ ਸਭ ਤੋਂ ਪਹਿਲਾਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਕੁੱਲ ਮਨੁੱਖਤਾ ਲਈ ਦਿੱਤੀ ਸ਼ਹੀਦੀ ਨੂੰ ਯਾਦ ਕੀਤਾ ਗਿਆ ਅਤੇ ਗੁਰੂਆਂ ਦੇ ਦੱਸੇ ਸੱਚ ਦੇ ਮਾਰਗ 'ਤੇ ਚੱਲਣ ਲਈ ਤੇ ਮਾਨਵਤਾ ਦੀ ਸੇਵਾ ਵਿਚ ਹਰ ਸਮੇਂ ਤਿਆਰ ਰਹਿਣ ਲਈ ਕਿਹਾ ਗਿਆ। ਇਸ ਤੋਂ ਬਾਅਦ ਜਲੰਧਰ ਵਿਚ ਇਕ ਮਾਸੂਮ ਲੜਕੀ ਦੇ ਬਲਾਤਕਾਰ ਤੋਂ ਬਾਅਦ ਕੀਤੀ ਗਈ ਹੱਤਿਆ ਲਈ ਪ੍ਰਸ਼ਾਸਨ ਤੋਂ ਦੋਸ਼ੀ ਵਿਅਕਤੀ ਨੂੰ ਫਾਂਸੀ ਦੀ ਸਜ਼ਾ ਦੀ ਮੰਗ ਕੀਤੀ ਗਈ ਤੇ ਇਸ ਘਟਨਾ ਦੀ ਸਖ਼ਤ ਸ਼ਬਦਾ 'ਚ ਨਿੰਦਾ ਕੀਤੀ ਗਈ। ਡਾਕਟਰ ਰੇਸ਼ਮ ਸਿੰਘ ਫੂਲ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਕਿਹਾ ਕਿ ਡਾਕਟਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆ ਵੱਲ ਧਿਆਨ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਾਡੇ ਨਾਲ ਕੀਤੇ ਵਾਅਦੇ ਯਾਦ ਕਰਵਾਏ ਜਾਣ ਤੇ ਉਨ੍ਹਾਂ ਨੂੰ ਹੱਲ ਵੀ ਕਰਵਾਇਆ ਜਾਵੇ। ਡਾ: ਭਰਥਰੀ ਸ਼ਰਮਾ ਮੰਡੀ ਕਲਾਂ ਅਤੇ ਡਾ: ਚਮਕੌਰ ਸਿੰਘ ਮਹਿਰਾਜ ਨੇ ਕਿਹਾ ਕਿ ਸਾਨੂੰ ਰਲ ਮਿਲ ਕੇ ਜਥੇਬੰਦੀ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਇਸ ਤੋਂ ਇਲਾਵਾ ਡਾ: ਜਗਤਾਰ ਸਿੰਘ ਫੂਲ, ਡਾ: ਕੌਰ ਸਿੰਘ ਫੂਲ, ਡਾ: ਹਰਜਿੰਦਰ ਸਿੰਘ ਭਾਈਰੂਪਾ ਨੇ ਸੰਬੋਧਨ ਕੀਤਾ। ਮੀਟਿੰਗ ਦੌਰਾਨ ਜਥੇਬੰਦੀ 'ਚ ਸ਼ਾਮਲ ਹੋਏ ਡਾਕਟਰਾਂ ਨੂੰ ਜੀ ਆਇਆ ਕਿਹਾ। ਡਾ: ਗੁਰਸੇਵਕ ਸਿੰਘ ਢੱਡੇ, ਡਾ: ਵੇਦ ਵਿਆਸ, ਡਾ: ਬੂਟਾ ਖਾਨ, ਡਾ: ਇਕਬਾਲ, ਡਾ: ਗੁਰਦੀਪ ਸਿੰਘ ਭੋਲਾ, ਡਾ: ਜਗਵਿੰਦਰ ਸਿੰਘ ਮਹਿਰਾਜ, ਡਾ: ਕੁਲਵੰਤ ਸਿੰਘ, ਸੁਖਪਾਲ ਸਿੰਘ ਢਿਪਾਲੀ ਤੇ ਹੋਰ ਡਾਕਟਰ ਹਾਜ਼ਰ ਸਨ।



ਸਥਾਨਕ ਲਾਰਡ ਰਾਮਾ ਹਾਲ ਬਠਿੰਡਾ ਵਿਖੇ ਕਿਸਾਨ ਮੇਲਾ 'ਚ ਲਗਾਈ ਪ੍ਰਦਰਸ਼ਨੀ ਦੌਰਾਨ ਕਿਸਾਨਾਂ ਨੂੰ ਜਾਗਰੂਕ ਕਰਦੇ ਹੋਏ। *ਅਜੀਤ ਤਸਵੀਰ*